# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :02-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |**

- ਕੇਂਦਰੀ ਸਿਹਤ ਮੰਤਰੀ, ਜੇ.ਪੀ. ਨੱਡਾ ਦਾ ਕਹਿਣਾ ਏ ਕਿ ਪੰਜਾਬ ਨੂੰ ਸਿਹਤ ਸਮੇਤ ਹੋਰ ਖੇਤਰਾਂ ਵਿੱਚ ਵੀ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਏ |
- ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ, ਪਹਿਲੀ ਜੁਲਾਈ ਤੋਂ ਪੰਜਾਬ ਦੀਆਂ 52 ਲੱ ਖ ਔਰਤਾਂ ਨੂੰ 1 ਹਜ਼ਾਰ ਰੁਪਏ ਅਤੇ ਦਲਿਤ ਔਰਤਾਂ ਨੂੰ 1500 ਰੁਪਏ ਦੀ ਹਰ ਮਹੀਨੇ ਦੀ ਮਾਲੀ ਸਹਾਇਤਾ ਮਿਲੇਗੀ |
- ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਵਲੋਂ ਸੂਬੇ ਦੀਆਂ ਮੁੱਖ ਇਮਾਰਤਾਂ 'ਤੇ 2 ਮੈਗਾਵਾਟ ਸੋਲਰ ਪਾਵਰ ਪ੍ਰੋਜੈਕਟਾਂ ਲਾਉਣ ਦਾ ਐਲਾਨ |

- ਹੜ੍ਹਾਂ ਦੀ ਮਾਰ ਕਰਕੇ ਪਿਛਲੇ 4 ਸਾਲਾਂ ਤੋਂ ਬੰਦ ਇਤਿਹਾਸਕ ਪਠਾਨਕੋਟ-ਜੋਗਿੰਦਰਨਗਰ ਨੈਰੋਗੇਜ ਰੇਲ ਸੇਵਾ ਅੱਜ ਤੋਂ ਮੁੜ ਸ਼ੁਰੂ |
- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਦਰਮਿਆਨ ਤੀਜਾ ਤੇ ਆਖਰੀ TWENTY- TWENTY ਮੈਚ ਅੱਜ ਹੋਏਗਾ |

## ਹੁਣ ਖ਼ਬਰਾਂ ਵਿਸਥਾਰ ਨਾਲ

ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਜੇ.ਪੀ. ਨੱਡਾ ਨੇ ਕਿਹਾ ਏ ਕਿ ਭਾਰਤ ਦਾ ਸਿਹਤ ਸੰਭਾਲ ਦ੍ਰਿਸ਼ਟੀਕੋਣ ਮੁੱਖ ਤੌਰ 'ਤੇ ਇਲਾਜ ਮਾਡਲ ਤੋਂ ਇੱਕ ਵਿਆਪਕ ਢਾਂਚੇ ਵਿੱਚ ਵਿਕਸਿਤ ਹੋਇਆ ਏ । ਇਸ ਢਾਂਚੇ ਵਿੱਚ ਰੋਕਥਾਮ, ਉਤਸ਼ਾਹਿਤ ਕਰਨ, ਮੁੜ੍ਹਵਸੇਬਾ, ਸਹਾਇਕ ਦੇਖਭਾਲ ਅਤੇ ਬਜ਼ੁਰਗਾਂ ਦੀ ਸੰਭਾਲ ਸ਼ਾਮਿਲ ਏ । ਉਨ੍ਹਾਂ ਕਿਹਾ ਕਿ ਦੇਸ਼ ਭਰ ਵਿੱਚ 1 ਲਖ 82 ਹਜ਼ਾਰ ਤੋਂ ਵੱਧ ਆਯੁਸ਼ਮਾਨ ਅਰੋਗਿਆ ਮੰਦਿਰ, ਸਿਹਤ ਸੰਭਾਲ ਸੇਵਾਵਾਂ ਲਈ, ਸੰਪਰਕ ਦੇ ਪਹਿਲੇ ਬਿੰਦੂ ਵਜੋਂ ਸੇਵਾ ਦੇ ਰਹੇ ਨੇ. ਓਹ ਅੱਜ ਪੰਜਾਬ ਵਿੱਚ ਏਮਜ਼ ਬਠਿੰਡਾ ਦੇ ਦੂਜੇ ਕਨਵੋਕੇਸ਼ਨ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ.  ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਨੂੰ ਨਾਂ ਸਿਰਫ਼ ਸਿਹਤ ਖੇਤਰ ਵਿੱਚ ਸਗੋਂ ਹੋਰ ਖੇਤਰਾਂ ਵਿੱਚ ਵੀ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਏ ।

BYTE

ਰੋਕਥਾਮ ਸੰਬੰਧੀ ਸਿਹਤ ਸੰਭਾਲ 'ਤੇ ਸਰਕਾਰ ਵਲੋਂ ਦਿੱਤੇ ਜਾ ਰਹੇ ਧਿਆਨ 'ਤੇ ਜ਼ੋਰ ਦਿੰਦਿਆਂ, ਉਨ੍ਹਾਂ ਦੱਸਿਆ ਕਿ 30 ਸਾਲ ਤੋਂ ਵੱਧ ਉਮਰ ਦੇ ਸਾਰੇ ਵਿਅਕਤੀਆਂ ਨੂੰ ਪੰਚਾਇਤਾਂ, ਆਸ਼ਾ ਅਤੇ ਫਰੰਟਲਾਈਨ ਸਿਹਤ ਵਰਕਰਾਂ ਵਲੋਂ ਨਿਯਮਤ ਜਾਂਚ ਕਰਵਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਏ। ਇਨ੍ਹਾਂ ਪਹਿਲਕਦਮੀਆਂ ਤਹਿਤ ਹਾਸਲ ਕੀਤੀ ਗਈ ਪ੍ਰਗਤੀ ਨੂੰ ਸਾਂਝਾ ਕਰਦੇ ਹੋਏ, ਉਨ੍ਹਾਂ ਕਿਹਾ ਕਿ ਦੇਸ਼ ਭਰ ਵਿੱਚ 36 ਕਰੋੜ ਤੋਂ ਵੱਧ ਲੋਕਾਂ ਦੀ ਮੂੰਹ ਦੇ ਕੈਂਸਰ ਲਈ, 17 ਕਰੋੜ ਤੋਂ ਵੱਧ ਔਰਤਾਂ ਦੀ ਛਾਤੀ ਦੇ ਕੈਂਸਰ ਲਈ ਅਤੇ 9 ਕਰੋੜ ਤੋਂ ਵੱਧ ਔਰਤਾਂ ਦੀ ਸਰਵਿਕਲ ਕੈਂਸਰ ਲਈ ਜਾਂਚ ਕੀਤੀ ਗਈ ਏ। ਇਸ ਤੋਂ ਇਲਾਵਾ, 42 ਕਰੋੜ ਤੋਂ ਵੱਧ ਵਿਅਕਤੀਆਂ ਦੀ ਸ਼ੂਗਰ ਅਤੇ ਹਾਈਪਰਟੈਨਸ਼ਨ ਲਈ ਜਾਂਚ ਕੀਤੀ ਗਈ ਏ। ਆਪਣੇ ਸੰਬੋਧਨ ਦੌਰਾਨ, ਮੰਤਰੀ ਨੇ ਗ੍ਰੈਜੂਏਟ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਪੇਸ਼ੇਵਰ ਸਫ਼ਰ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਖੇਤਰ ਵਿੱਚ ਤੀਜੇ ਦਰਜੇ ਦੀ ਸਿਹਤ ਸੰਭਾਲ, ਡਾਕਟਰੀ ਸਿੱਖਿਆ ਅਤੇ ਖੋਜ ਨੂੰ ਮਜ਼ਬੂਤ ਕਰਨ ਵਿੱਚ ਏਮਜ਼ ਦੇ ਵਧ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ। ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਮਰੀਜ਼ਾਂ ਲਈ ਕੁਝ ਡਾਕਟਰੀ ਸਹੂਲਤਾਂ ਦਾ ਉਦਘਾਟਨ ਕਰਨ ਤੋਂ ਇਲਾਵਾ, ਉਨ੍ਹਾਂ ਨੇ ਬਾਲ ਵਿਕਾਸ ਅਤੇ ਸ਼ੁਰੂਆਤੀ ਸਹਾਇਤਾ ਕੇਂਦਰ (CDEIC) ਨੂੰ ਵੀ ਭਾਈਚਾਰੇ ਨੂੰ ਸਮਰਪਿਤ ਕੀਤਾ। ਖੇਤਰ ਵਿੱਚ

ਆਪਣੀ ਕਿਸਮ ਦੀ ਪਹਿਲੀ ਸਹੂਲਤ ਵਜੋਂ ਇਹ ਕੇਂਦਰ ਬੱਚਿਆਂ ਵਿੱਚ ਵਿਕਾਸ ਸੰਬੰਧੀ ਵਿਕਾਰਾਂ ਅਤੇ ਦਿਵਿਆਂਗਤਾ ਦੀ ਸ਼ੁਰੂਆਤੀ ਪਛਾਣ, ਨਿਦਾਨ ਅਤੇ ਇਸ ਪ੍ਰਤੀ ਪ੍ਰਬੰਧ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਏਗਾ.

--------------------------------------------------------

ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ, ਪਹਿਲੀ ਜੁਲਾਈ ਤੋਂ ਪੰਜਾਬ ਦੀਆਂ 52 ਲੱਖ ਔਰਤਾਂ ਨੂੰ 1 ਹਜ਼ਾਰ ਰੁਪਏ ਅਤੇ ਦਲਿਤ ਔਰਤਾਂ ਨੂੰ 1500 ਰੁਪਏ ਦੀ ਹਰ ਮਹੀਨੇ ਦੀ ਮਾਲੀ ਸਹਾਇਤਾ ਮਿਲਣੀ ਸ਼ੁਰੂ ਹੋ ਜਾਵੇਗੀ। 35 ਲੱਖ ਲਾਭਪਾਤਰੀਆਂ ਲਈ ਕਾਰਡ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਨੇ. ਇਹ ਗੱਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਖੇਤੀਬਾੜੀ ਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਕਿਸਾਨ ਕ੍ਰੈਡਿਟ ਕਾਰਡ ਯੋਜਨਾ ਨੂੰ ਸਬਜ਼ੀਆਂ ਅਤੇ ਫਲ ਉਤਪਾਦਕਾਂ ਤੇ ਮੱਛੀ ਪਾਲਣ ਵਾਲਿਆਂ ਤੱਕ ਵਧਾਉਣ ਦਾ ਐਲਾਨ ਕਰਨ ਲਈ ਬੁਲਾਈ ਗਈ ਇੱਕ ਪ੍ਰੈਸ ਕਾਨਫਰੰਸ ਦੌਰਾਨ ਕਹੀ। ਸ਼੍ਰੀ ਮਾਨ ਨੇ ਕਿਹਾ ਕਿ ਸਰਕਾਰ ਨੇ ਇਸ ਯੋਜਨਾ ਤਹਿਤ ਮਾਲੀ ਸਹਾਇਤਾ ਪ੍ਰਦਾਨ ਕਰਨ ਲਈ ਲੋੜੀਂਦੇ ਫੰਡਾਂ ਦਾ ਬਜਟ ਪਹਿਲਾਂ ਹੀ ਤਿਆਰ ਕਰ ਲਿਆ ਏ। ਉਨ੍ਹਾਂ 26 ਸਾਲ ਪੁਰਾਣੀ ਕਿਸਾਨ ਕ੍ਰੈਡਿਟ ਕਾਰਡ ਯੋਜਨਾ ਵਿੱਚ ਬਦਲਾਅ ਦਾ ਵੀ

ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਪੂਰੀ ਪ੍ਰਕਿਰਿਆ ਨੂੰ ਡਿਜੀਟਾਈਜ਼ ਕੀਤਾ ਜਾਏਗਾ.

---------------------------------------------------------------------

ਸਰੋਤਿਆਂ ਨੂੰ ਸੂਚਿਤ ਕੀਤਾ ਜਾਂਦਾ ਏ ਕਿ, ਆਕਾਸ਼ਵਾਣੀ ਦਾ ਸ਼ਾਮੀਂ ਸਾਢੇ 7 ਵਜੇ ਤੋਂ 7 ਵੱਜ ਕੇ 40 ਮਿੰਟ ਤੱਕ ਪ੍ਰਸਾਰਿਤ ਹੋਣ ਵਾਲਾ ਖਬਰਾਂ ਦਾ ਰਾਸ਼ਟਰੀ ਬੁਲੇਟਿਨ, ਅੱਜ ਪਹਿਲੀ ਜੂਨ, 2026 ਤੋਂ 21 ਜੂਨ, 2026 ਤੱਕ ਸ਼ਾਮੀਂ 7 ਵਜੇ ਤੋਂ 7 ਵੱਜ ਕੇ 10 ਮਿੰਟ ਤੱਕ ਪ੍ਰਸਾਰਿਤ ਕੀਤਾ ਜਾਵੇਗਾ।

------------------------------------------------------------------

ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਨੇ ਸੂਬੇ ਦੀਆਂ ਮੁੱਖ ਇਮਾਰਤਾਂ 'ਤੇ 2 ਮੈਗਾਵਾਟ ਸੋਲਰ ਪਾਵਰ ਪ੍ਰੋਜੈਕਟਾਂ ਲਾਉਣ ਦਾ ਐਲਾਨ ਕੀਤਾ, ਜਿਸ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤ-ਏ-ਖਾਲਸਾ (500 ਕਿਲੋਵਾਟ), ਅੰਮ੍ਰਿਤਸਰ ਵਿੱਚ ਭਗਵਾਨ ਵਾਲਮੀਕਿ ਤੀਰਥ ਸਥਲ ਵਿਖੇ (400 ਕਿਲੋਵਾਟ) ਅਤੇ ਐਨ.ਆਈ.ਬੀ.ਈ. ਕਪੂਰਥਲਾ ਵਿਖੇ (300 ਕਿਲੋਵਾਟ) ਦੇ ਪ੍ਰੋਜੈਕਟ ਸ਼ਾਮਲ ਨੇ. ਚੰਡੀਗੜ੍ਹ ਵਿਚ ਪੇਡਾ ਕੰਪਲੈਕਸ ਵਿਖੇ ਚੁਗਿਰਦੇ ਪਖੀ ਊਰਜਾ ਨਾਲ ਸੰਬੰਧਿਤ ਪ੍ਰੋਜੈਕਟਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ੍ਰੀ ਅਮਨ ਅਰੋੜਾ ਨੇ

ਕਿਹਾ ਕਿ 661 ਸਰਕਾਰੀ ਇਮਾਰਤਾਂ ਦੀਆਂ ਛੱਤਾਂ 'ਤੇ ਵੀ 18.6 ਮੈਗਾਵਾਟ ਦੇ ਸੋਲਰ ਪਲਾਂਟ ਲਾਉਣ ਲਈ ਵਰਕ ਆਰਡਰ ਪਹਿਲਾਂ ਹੀ ਜਾਰੀ ਕਰ ਦਿੱਤੇ ਗਏ ਨੇ. ਮੀਟਿੰਗ ਦੌਰਾਨ ਮੰਤਰੀ ਨੇ ਵਿਰਾਸਤ-ਏ-ਖਾਲਸਾ, ਭਗਵਾਨ ਵਾਲਮੀਕਿ ਤੀਰਥ ਸਥਲ ਅਤੇ ਐਨ.ਆਈ.ਬੀ.ਈ. ਕਪੂਰਥਲਾ ਸਮੇਤ ਪ੍ਰਮੁੱਖ ਵਿਰਾਸਤੀ ਅਤੇ ਵਿਦਿਅਕ ਇਮਾਰਤਾਂ ਵਿਖੇ 2 ਮੈਗਾਵਾਟ ਸੋਲਰਾਈਜ਼ੇਸ਼ਨ ਪ੍ਰਾਜੈਕਟ ਨੂੰ ਪੂਰਾ ਕਰਨ ਲਈ ਅਗਸਤ 2026 ਦੇ ਅੱਧ ਤੱਕ ਦੀ ਸਮਾਂ ਸੀਮਾ ਤੈਅ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਹੁਣ ਤੱਕ 34 ਸਰਕਾਰੀ ਇਮਾਰਤਾਂ 'ਤੇ 1.413 ਮੈਗਾਵਾਟ ਦੀ ਕੁੱਲ ਸਮਰੱਥਾ ਵਾਲੇ ਸੋਲਰ ਪਲਾਂਟ ਲਗਾਏ ਜਾ ਚੁੱਕੇ ਨੇ. ਪਿੰਡਾਂ ‘ਚ ਵੀ ਰਾਤ ਨੂੰ ਰੌਸ਼ਨੀ ਲਈ ਇੱਕ ਵੱਖਰੀ ਪਹਿਲਕਦਮੀ ਤਹਿਤ ਸ੍ਰੀ ਅਮਨ ਅਰੋੜਾ ਨੇ ਪੇਡਾ ਨੂੰ ਅਗਲੇ ਛੇ ਮਹੀਨਿਆਂ ਦੇ ਅੰਦਰ ਤਿੰਨ ਲੱਖ ਸੋਲਰ ਸਟਰੀਟ ਲਾਈਟਾਂ ਲਾਉਣ ਦੇ ਨਿਰਦੇਸ਼ ਦਿੱਤੇ।

-------------------------------------------------------

ਇਤਿਹਾਸਕ ਪਠਾਨਕੋਟ-ਜੋਗਿੰਦਰਨਗਰ ਨੈਰੋਗੇਜ ਰੇਲ ਸੇਵਾ, ਜੋ ਕਿ ਪਿਛਲੇ ਕਰੀਬ 4 ਸਾਲਾਂ ਤੋਂ ਬੰਦ ਸੀ, ਅੱਜ ਤੋਂ ਮੁੜ ਸ਼ੁਰੂ ਹੋ ਗਈ ਏ । ਇਸ ਨਾਲ ਪੰਜਾਬ ਅਤੇ ਹਿਮਾਚਲ ਇੱਕ ਵਾਰ ਫਿਰ ਰੇਲ ਸੰਪਰਕ ਨਾਲ ਜੁੜ ਗਏ ਨੇ. ਰੇਲਵੇ ਵੱਲੋਂ ਜਾਰੀ ਸੋਧੇ ਹੋਏ ਸ਼ਡਿਊਲ ਮੁਤਾਬਿਕ, ਪਹਿਲੀ ਰੇਲਗੱਡੀ ਸਵੇਰੇ 5 ਵਜੇ ਪਠਾਨਕੋਟ ਤੋਂ ਰਵਾਨਾ ਹੋਵੇਗੀ ਅਤੇ ਦੁਪਹਿਰ

12 ਵਜੇ ਬੈਜਨਾਥ-ਪਾਪਰੋਲਾ ਪਹੁੰਚੇਗੀ ਅਤੇ ਦੂਜੀ ਰੇਲ ਸੇਵਾ ਸਵੇਰੇ 7 ਵਜੇ ਪਠਾਨਕੋਟ ਤੋਂ ਰਵਾਨਾ ਹੋ ਕੇ ਦੁਪਹਿਰ ਬਾਅਦ 1 ਵਜ ਕੇ 40 ਮਿੰਟ ‘ਤੇ ਬੈਜਨਾਥ-ਪਾਪਰੋਲਾ ਪਹੁੰਚੇਗੀ। ਵਾਪਸੀ ਦੀ ਯਾਤਰਾ 'ਤੇ, ਇਹ ਰੇਲਗੱਡੀਆਂ ਦੁਪਹਿਰ ਬਾਅਦ ਸਵਾ 2 ਵਜੇ ਅਤੇ  ਦੁਪਹਿਰ ਬਾਅਦ 3 ਵਜ ਕੇ 40 ਮਿੰਟ ‘ਤੇ ਪਠਾਨਕੋਟ ਲਈ ਰਵਾਨਾ ਹੋਣਗੀਆਂ। ਅਗਸਤ 2023 ਵਿੱਚ ਜੋਗਿੰਦਰ ਨਗਰ ਰੇਲਵੇ ਟਰੈਕ 'ਤੇ ਆਏ ਭਿਆਨਕ ਹੜ੍ਹਾਂ ਦੌਰਾਨ, ਪੰਜਾਬ ਅਤੇ ਹਿਮਾਚਲ ਦੀ ਸਰਹੱਦ 'ਤੇ ਸਥਿਤ 'ਚੱਕੀ ਰੇਲਵੇ ਪੁਲ' ਦਾ ਇੱਕ ਵੱਡਾ ਹਿੱਸਾ ਢਹਿ ਗਿਆ ਸੀ, ਜਿਸ ਕਾਰਨ ਪੂਰਾ ਇਲਾਕਾ ਕੱਟਿਆ ਗਿਆ ਸੀ ਅਤੇ ਰੇਲ ਸੇਵਾਵਾਂ ਪੂਰੀ ਤਰ੍ਹਾਂ ਠੱਪ ਹੋ ਗਈਆਂ ਸਨ। ਇਸ ਸੰਕਟ ਦੇ ਮੱਦੇਨਜ਼ਰ, ਰੇਲਵੇ ਮੰਤਰਾਲੇ ਨੇ ਜੰਗੀ ਪੱਧਰ 'ਤੇ ਕੰਮ ਕੀਤਾ ਅਤੇ 70 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਨਵਾਂ ਅਤੇ ਅਤਿ-ਆਧੁਨਿਕ ਰੇਲਵੇ ਪੁਲ ਬਣਾਇਆ ਜਿਸ ਕਾਰਣ ਰੇਲ ਸੇਵਾ ਦੀ ਮੁੜ੍ਹ ਬਹਾਲੀ ਹੋ ਸਕੀ।

---------------------------------------------------------

ਗੁਰਦਾਸਪੁਰ ਦੇ ਸਰਹੱਦੀ ਕਸਬੇ ਕਲਾਨੌਰ ਦੇ ਇੱਕ ਨਿੱਜੀ ਹਸਪਤਾਲ ਦੇ ਐਮਰਜੈਂਸੀ ਵਾਰਡ ਵਿੱਚ ਅੱਜ ਦੁਪਹਿਰ ਇੱਕ ਧਮਾਕਾ ਹੋਇਆ। ਧਮਾਕੇ ਵਿਚ ਕਿਸੇ ਦੇ ਜ਼ਖਮੀ ਹੋਣ ਦੀ ਕੋਈ ਖਬਰ ਨਹੀਂ ਏ. ਘਟਨਾ ਦੀ ਜਾਣਕਾਰੀ ਮਿਲਣ 'ਤੇ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਧਮਾਕੇ

ਦੇ ਕਾਰਨਾਂ ਦੀ ਜਾਂਚ ਸ਼ੁਰੂ ਕਰ ਦਿੱਤੀ। ਐਸ ਐਸ ਪੀ ਗੁਰਦਾਸਪੁਰ ਸ੍ਰੀ ਆਦਿੱਤਿਆ ਨੇ ਦੱਸਿਆ ਕਿ ਇੱਕ ਫੋਰੈਂਸਿਕ ਟੀਮ ਮੌਕੇ 'ਤੇ ਪਹੁੰਚੀ ਏ ਅਤੇ ਕਾਫ਼ੀ ਮਾਤਰਾ ਵਿੱਚ ਸਬੂਤ ਬਰਾਮਦ ਕੀਤੇ ਨੇ -

byte

-----------------------------------------------------------------

ਭਾਰਤ ਸਰਕਾਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਵੱਲੋਂ ਚਲਾਏ ਜਾ ਰਹੇ “ਖੇਤ ਬਚਾਓ ਅਭਿਆਨ” ਤਹਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਜਲੰਧਰ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ (ਕੇ ਵੀ ਕੇ), ਜਲੰਧਰ ਅਤੇ ਕੇਂਦਰੀ ਏਕੀਕ੍ਰਿਤ ਕੀਟ ਪ੍ਰਬੰਧਨ ਕੇਂਦਰ (ਸੀ ਆਈ ਪੀ ਐਮ ਸੀ), ਜਲੰਧਰ ਦੇ ਸਹਿਯੋਗ ਨਾਲ ਜ਼ਿਲ੍ਹਾ ਜਲੰਧਰ ਦੇ ਆਦਮਪੁਰ ਬਲਾਕ ਦੇ ਪਿੰਡ ਅਰਜਨ-ਵਾਲ ਵਿੱਚ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਾਇਆ ਗਿਆ। ਕਿਸਾਨਾਂ ਨੂੰ ਸਾਉਣੀ ਦੀਆਂ ਫ਼ਸਲਾਂ ਵਿੱਚ ਸੰਤੁਲਿਤ ਖਾਦਾਂ ਦੀ ਵਰਤੋਂ ਅਤੇ ਮਿੱਟੀ ਦੀ ਪਰਖ ਆਧਾਰਿਤ ਖਾਦਾਂ ਦੀਆਂ ਸਿਫ਼ਾਰਸ਼ਾਂ ਬਾਰੇ, ਵਿਸਥਾਰ ਨਾਲ ਜਾਣਕਾਰੀ ਦਿੱਤੀ।  ਕਿਸਾਨਾਂ ਨੂੰ ਪੌਸ਼ਟਿਕ ਤੱਤਾਂ ਦਾ ਵਿਗਿਆਨਕ ਪ੍ਰਬੰਧ ਅਪਣਾ ਕੇ ਮਿੱਟੀ ਦੀ ਸਿਹਤ ਬਣਾਈ ਰੱਖਣ ਅਤੇ ਖੇਤੀ ਦੀ ਲਾਗਤ ਘਟਾਉਣ ਲਈ ਪ੍ਰੇਰਿਤ ਕੀਤਾ। ਕਿਸਾਨਾਂ ਨੂੰ ਝੋਨੇ ਦੀ ਫ਼ਸਲ ਵਿੱਚ

ਐਸ.ਆਰ.ਬੀ.ਐਸ.ਡੀ.ਵੀ ਅਤੇ ਇਸਦੇ ਰੋਗ ਦੀ ਪਛਾਣ, ਰੋਕਥਾਮ ਅਤੇ ਇਸ ਪ੍ਰਤੀ ਪ੍ਰਬੰਧ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ। ਇਸ ਤੋਂ ਇਲਾਵਾ ਏਕੀਕ੍ਰਿਤ ਕੀਟ ਪ੍ਰਬੰਧਨ (ਆਈਪੀਐਮ) ਰਣਨੀਤੀਆਂ, ਬੀਜ ਸੋਧ ਦੇ ਮਹੱਤਵ, ਜੈਵਿਕ-ਕੀਟਨਾਸ਼ਕਾਂ ਦੀ ਵਰਤੋਂ ਅਤੇ ਜੈਵਿਕ ਕੰਟਰੋਲ ਏਜੰਟਾਂ ਦੀ ਸੰਭਾਲ ਦੀ ਲੋੜ 'ਤੇ ਚਾਨਣਾ ਪਾਇਆ ਗਿਆ । ਕਿਸਾਨਾਂ ਨੂੰ ਰਸਾਇਣਕ ਕੀਟਨਾਸ਼ਕਾਂ 'ਤੇ ਬਹੁਤ ਜ਼ਿਆਦਾ ਨਿਰਭਰਤਾ ਘਟਾ ਕੇ ਜੈਵਿਕ ਅਤੇ ਚੁਗਿਰਦੇ ਪ੍ਰਤੀ ਸੁਖਾਵੇਂ ਉਪਾਅ ਅਪਣਾਉਣ ਦੀ ਸਲਾਹ ਦਿੱਤੀ ਗਈ । ਕਿਸਾਨਾਂ ਨੂੰ ਕੀੜਿਆਂ ਦੀ ਨਿਗਰਾਨੀ ਲਈ ਵੱਖ-ਵੱਖ ਕਿਸਮਾਂ ਦੇ ਕੀਟ ਅਤੇ ਫੇਰੋਮੋਨ ਟ੍ਰੈਪਾਂ ਦੀ ਵਰਤੋਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ ਗਈ. ਕਿਸਾਨਾਂ ਨੂੰ ਕੀਟਨਾਸ਼ਕਾਂ ਦੀ ਸੁਰੱਖਿਅਤ ਅਤੇ ਸੁਚੱਜੀ ਵਰਤੋਂ, ਕੀਟਨਾਸ਼ਕਾਂ ਦੇ ਜ਼ੋਖਮ ਨੂੰ ਘਟਾਉਣ, ਛਿੜਕਾਅ ਦੌਰਾਨ ਸੁਰੱਖਿਆ ਉਪਕਰਨਾਂ ਦੀ ਵਰਤੋਂ ਅਤੇ ਕੀਟਨਾਸ਼ਕਾਂ ਦੇ ਪ੍ਰਬੰਧਨ ਸਮੇਂ ਸਾਰੇ ਜ਼ਰੂਰੀ ਸੁਰੱਖਿਆ ਉਪਾਵਾਂ ਦੀ ਪਾਲਣਾ ਕਰਨ ਸਬੰਧੀ ਜਾਗਰੂਕ ਕੀਤਾ ਗਿਆ. ਮਾਹਿਰਾਂ ਨੇ ਕਿਸਾਨਾਂ ਨੂੰ “ਖੇਤ ਬਚਾਓ ਅਭਿਆਨ” ਦੇ ਉਦੇਸ਼ਾਂ ਨੂੰ ਸਫਲਤਾ ਨਾਲ ਪੂਰਾ ਕਰਨ ਲਈ ਵੀ ਪ੍ਰੇਰਿਤ ਕੀਤਾ.

---------------------------------------------------------

ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਨੇ ਮੌਜੂਦਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਅਤੇ ਹਰਿਆ- ਭਰਿਆ ਪੰਜਾਬ ਯਕੀਨੀ

ਬਣਾਉਣ ਅਤੇ ਜੰਗਲਾਤ ਹੇਠਲੇ ਰਕਬੇ ਨੂੰ ਵਧਾਉਣ ਦੇ ਉਦੇਸ਼ ਨਾਲ ਸਾਰੀਆਂ ਯੋਜਨਾਵਾਂ ਅਧੀਨ ਸੂਬੇ ਦੇ 23 ਜ਼ਿਲਿਆਂ ਵਿੱਚੋਂ ਹਰੇਕ ਜ਼ਿਲੇ ਵਿੱਚ ਸਾਢੇ 6 ਲੱਖ ਬੂਟੇ ਲਾਉਣ ਦਾ ਟੀਚਾ ਮਿੱਥਿਆ ਏ, ਜਿਸ ਨਾਲ ਸੂਬੇ ਭਰ ਵਿੱਚ ਕਰੀਬ ਡੇਢ ਕਰੋੜ ਬੂਟੇ ਲਾਉਣ ਦੀ ਯੋਜਨਾ ਏ। ਸ੍ਰੀ ਕਟਾਰੂਚੱਕ ਨੂੰ ਦੱਸਿਆ ਗਿਆ ਕਿ ਗ੍ਰੀਨ ਪੰਜਾਬ ਮਿਸ਼ਨ ਵਰਗੀਆਂ ਵੱਖ-ਵੱਖ ਪਹਿਲਕਦਮੀਆਂ ਤਹਿਤ 584 ਹੈਕਟੇਅਰ ਰਕਬੇ 'ਤੇ ਬੂਟੇ ਲਗਾਏ ਜਾਣਗੇ। ਇਸ ਤੋਂ ਇਲਾਵਾ ਸ਼੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਜਨਮ ਦਿਵਸ ਨੂੰ ਸਮਰਪਿਤ 650 ਨਾਨਕ ਬਗੀਚੀਆਂ ਵੀ ਸਥਾਪਿਤ ਕੀਤੀਆਂ ਜਾਣਗੀਆਂ |

---------------------------------------------------------------

ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਦਰਮਿਆਨ ਤੀਜਾ ਤੇ ਆਖਰੀ TWENTY- TWENTY ਮੈਚ ਅੱਜ Taunton ਵਿੱਚ ਖੇਡਿਆ ਜਾਵੇਗਾ। ਮੈਚ ਭਾਰਤੀ ਸਮੇਂ ਅਨੁਸਾਰ ਰਾਤੀਂ 11 ਵਜੇ ਸ਼ੁਰੂ ਹੋਵੇਗਾ। ਦੋਵੇਂ ਟੀਮਾਂ ਇਕ-ਇਕ ਮੈਚ ਜਿੱਤ ਕੇ ਬਰਾਬਰੀ 'ਤੇ ਨੇ।

---------------------------------------------------------------

ਮੌਸਮ ਵਿਭਾਗ ਵੱਲੋਂ ਕੱਲ 3 ਜੂਨ ਤੋਂ 4 ਜੂਨ ਤੱਕ ਪੰਜਾਬ, ਹਰਿਆਣਾ ਤੇ ਚੰਡੀਗੜ੍ਹ  ਵਿੱਚ ਕਈ ਥਾਵਾਂ ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਨਾਲ

ਗਰਜ ਚਮਕ ਅਤੇ ਤੇਜ਼ ਹਵਾਵਾਂ ਚੱਲਣ ਦਾ orange ਅਲਰਟ ਜਾਰੀ ਕੀਤਾ ਗਿਆ ਏ |

----------------------------------------------------------------

- ਕੇਂਦਰੀ ਸਿਹਤ ਮੰਤਰੀ, ਜੇ.ਪੀ. ਨੱਡਾ ਦਾ ਕਹਿਣਾ ਏ ਕਿ ਪੰਜਾਬ ਨੂੰ ਸਿਹਤ ਸਮੇਤ ਹੋਰ ਖੇਤਰਾਂ ਵਿੱਚ ਵੀ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਏ |
- ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ, ਪਹਿਲੀ ਜੁਲਾਈ ਤੋਂ ਪੰਜਾਬ ਦੀਆਂ 52 ਲੱ ਖ ਔਰਤਾਂ ਨੂੰ 1 ਹਜ਼ਾਰ ਰੁਪਏ ਅਤੇ ਦਲਿਤ ਔਰਤਾਂ ਨੂੰ 1500 ਰੁਪਏ ਦੀ ਹਰ ਮਹੀਨੇ ਦੀ ਮਾਲੀ ਸਹਾਇਤਾ ਮਿਲੇਗੀ |
- ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਵਲੋਂ ਸੂਬੇ ਦੀਆਂ ਮੁੱਖ ਇਮਾਰਤਾਂ 'ਤੇ 2 ਮੈਗਾਵਾਟ ਸੋਲਰ ਪਾਵਰ ਪ੍ਰੋਜੈਕਟਾਂ ਲਾਉਣ ਦਾ ਐਲਾਨ |
- ਹੜ੍ਹਾਂ ਦੀ ਮਾਰ ਕਰਕੇ ਪਿਛਲੇ 4 ਸਾਲਾਂ ਤੋਂ ਬੰਦ ਇਤਿਹਾਸਕ ਪਠਾਨਕੋਟ-ਜੋਗਿੰਦਰਨਗਰ ਨੈਰੋਗੇਜ ਰੇਲ ਸੇਵਾ ਅੱਜ ਤੋਂ ਮੁੜ ਸ਼ੁਰੂ |
- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਇੰਗਲੈਂਡ ਦਰਮਿਆਨ ਤੀਜਾ ਤੇ ਆਖਰੀ TWENTY- TWENTY ਮੈਚ ਅੱਜ ਹੋਏਗਾ |